# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 18-07-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਿਹਾਰ ਦੇ ਪੂਰਬੀ ਚੰਪਾਰਨ ਜ਼ਿਲ੍ਹੇ ਦੇ ਮੋਤੀਹਾਰੀ ਵਿਖੇ 7 ਹਾਜ਼ਰ 200 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਤੇ ਉਦਘਾਟਨ ਕੀਤਾ ।
- ਭਾਰਤ ਨੇ ਲਸ਼ਕਰ-ਏ-ਤੋਇਬਾ ਨਾਲ ਸਬੰਧਤ ਪਾਕਿਸਤਾਨ ਅਧਾਰਿਤ TRF ਨੂੰ, ਇੱਕ ਵਿਦੇਸ਼ੀ ਦਹਿਸ਼ਤਗਰਦ ਜਥੇਬੰਦੀ ਐਲਾਨਣ ਦੇ ਫੈਸਲੇ ਦਾ ਕੀਤਾ ਸਵਾਗਤ ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਵੱਖ-ਵੱਖ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਕਰਕੇ ਚੰਡੀਗੜ੍ਹ ਤੇ ਪੰਜਾਬ ਨਾਲ ਸਬੰਧਿਤ ਮਹੱਤਵਪੂਰਨ ਮੁੱਦਿਆਂ ਬਾਰੇ ਚਰਚਾ ਕੀਤੀ ।

- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਸਥਿਤ ਸ੍ਰੀ ਹਰਮੰਦਿਰ ਸਾਹਿਬ ਨੂੰ ਉਡਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭੇਜੀਆਂ ਗਈਆਂ ਧਮਕੀ ਭਰੀਆਂ ਈਮੇਲਾਂ ਦੇ ਸਬੰਧ ਵਿੱਚ, ਇੱਕ ਸਾਫਟਵੇਅਰ ਇੰਜੀਨੀਅਰ ਨੂੰ ਹਿਰਾਸਤ ਵਿੱਚ ਲਿਆ - ਪੁਲਿਸ ਵੱਲੋਂ ਇਸ ਸ਼ਖਸ ਨੂੰ ਹਿਰਾਸਤ 'ਚ ਲੈਣ ਦੇ ਦਾਅਵੇ ਤੋਂ ਬਾਅਦ, ਇੱਕ ਹੋਰ ਧਮਕੀ ਭਰੀ ਈ.ਮੇਲ. ਆਈ ।
- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਜਲੰਧਰ ਵਿੱਚ ਸਤਲੁਜ ਦੇ ਧੁੱਸੀ ਬੰਨ੍ਹ ਦਾ ਦੌਰਾ ਅਧਿਕਾਰੀਆਂ ਨੂੰ ਨੋਚਾਂ ਮਜ਼ਬੂਤ ਕਰਨ ਦੀਆਂ ਹਦਾਇਤਾਂ ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਿਹਾਰ ਦੇ ਪੂਰਬੀ ਚੰਪਾਰਨ ਜ਼ਿਲ੍ਹੇ ਦੇ ਮੋਤੀਹਾਰੀ ਵਿਖੇ 7 ਹਾਜ਼ਰ 200 ਕਰੋੜ ਰੁਪਏ ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਤੇ ਉਦਘਾਟਨ ਕੀਤਾ। ਇਹ ਵਿਕਾਸ ਪ੍ਰੋਜੈਕਟ ਰੇਲ, ਸੜਕ, ਪੇਂਡੂ ਵਿਕਾਸ, ਮੱਛੀ ਪਾਲਣ, ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਖੇਤਰਾਂ ਨਾਲ ਸਬੰਧਤ ਨੇ । ਇਸ ਮੌਕੇ ਆਪਣੇ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਕਿਹਾ ਕਿ ਪੂਰਬੀ ਭਾਰਤ ਦੇ ਵਿਕਾਸ ਲਈ ਬਿਹਾਰ ਦਾ ਵਿਕਾਸ ਜ਼ਰੂਰੀ ਏ । ਪ੍ਰਧਾਨ

ਮੰਤਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਬਿਹਾਰ ਦੀ ਇਸ ਧਰਤੀ ਤੋਂ, ਆਪ੍ਰੇਸ਼ਨ ਸਿੰਦੂਰ ਦਾ ਸੰਕਲਪ ਲਿਆ ਸੀ।

BYTE

------------------------------------------------

ਭਾਰਤ ਨੇ ਪਹਿਲਗਾਮ ਦਹਿਸ਼ਤਗਰਦ ਹਮਲੇ ਲਈ ਜ਼ਿੰਮੇਵਾਰ, 'ਦ ਰਿਸਿਸਟੈਂਸ ਫ਼ਰੰਟ-TRF ਨੂੰ ਇੱਕ ਵਿਦੇਸ਼ੀ ਦਹਿਸ਼ਤਗਰਦ ਜਥੇਬੰਦੀ ਐਲਾਨਣ ਦੇ, ਅਮਰੀਕਾ ਦੇ ਫੈਸਲੇ ਦੀ ਸ਼ਲਾਘਾ ਕੀਤੀ ਏ। ਪਾਕਿਸਤਾਨ ਸਥਿਤ ਦਹਿਸ਼ਤਗਰਦੀ ਧੜੇ ਲਸ਼ਕਰ-ਏ-ਤੋਇਬਾ ਦਾ ਇਹ ਹਿੱਸਾ, TRF ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਘਿਨਾਉਣੇ ਦਹਿਸ਼ਤਗਰਦ ਹਮਲੇ ਸਮੇਤ ਕਈ ਦਹਿਸ਼ਤਗਰਦ ਗਤੀਵਿਧੀਆਂ ਵਿੱਚ ਸ਼ਾਮਲ ਰਿਹਾ ਏ।

***<u>ਇੱਕ ਰਿਪੋਰਟ ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਇਸ ਫੈਸਲੇ ਲਈ ਅਮਰੀਕਾ ਦੇ ਵਿਦੇਸ਼ ਵਿਭਾਗ ਅਤੇ ਵਿਦੇਸ਼ ਮੰਤਰੀ, ਮਾਰਕੋ ਰੂਬੀਓ ਦੀ ਸ਼ਲਾਘਾ ਕੀਤੀ ਏ। ਉਨ੍ਹਾਂ ਕਿਹਾ ਏ ਕਿ, ਇਹ ਭਾਰਤ ਅਤੇ ਅਮਰੀਕਾ ਵਿਚਕਾਰ ਦਹਿਸ਼ਤਗਰਦੀ ਵਿਰੋਧੀ ਸਹਿਯੋਗ ਦੀ ਪੁਸ਼ਟੀ ਕਰਦਾ ਏ। ਭਾਰਤ ਨੇ ਦਹਿਸ਼ਤਗਰਦੀ ਨਾਲ ਲੜਨ ਅਤੇ ਦਹਿਸ਼ਤਗਰਦ ਬੁਨਿਆਦੀ ਢਾਂਚੇ</u>***

*ਨੂੰ ਤਬਾਹ ਕਰਨ ਲਈ ਆਲਮੀ ਸਹਿਯੋਗ ਦੀ ਲੋੜ 'ਤੇ ਲਗਾਤਾਰ ਜ਼ੋਰ ਦਿੱਤਾ ਏ। The Resistance Front ਨੂੰ ਨਾਮਜ਼ਦ ਕਰਨਾ ਇੱਕ ਮਹੱਤਵਪੂਰਨ ਕਦਮ ਏ, ਜੋ ਦਹਿਸ਼ਤਗਰਦੀ ਵਿਰੋਧੀ ਮਾਮਲਿਆਂ 'ਤੇ ਭਾਰਤ ਅਤੇ ਅਮਰੀਕਾ ਵਿਚਕਾਰ ਡੂੰਘੇ ਸਹਿਯੋਗ ਨੂੰ ਦਰਸਾਉਂਦਾ ਏ। ਭਾਰਤ ਦਹਿਸ਼ਤਗਰਦੀ ਵਿਰੁੱਧ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਪ੍ਰਤੀ ਵਚਨਬੱਧ ਏ। ਭਾਰਤ ਆਪਣੇ ਅੰਤਰਰਾਸ਼ਟਰੀ ਭਾਈਵਾਲਾਂ ਨਾਲ ਕੰਮ ਕਰਨਾ ਜਾਰੀ ਰੱਖੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਦਹਿਸ਼ਤਗਰਦੀ ਸੰਗਠਨਾਂ ਅਤੇ ਉਨ੍ਹਾਂ ਦੇ ਸਹਿਯੋਗੀਆਂ ਨੂੰ ਜਵਾਬਦੇਹ ਠਹਿਰਾਇਆ ਜਾਵੇ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

-----------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਕੇਂਦਰੀ ਮੰਤਰੀਆਂ ਮਨੋਹਰ ਲਾਲ , ਅਸ਼ਵਿਨੀ ਵੈਸ਼ਣਵ, ਗਜੇਂਦਰ ਸਿੰਘ ਸ਼ੇਖਾਵਤ ਅਤੇ ਭੂਪੇਂਦਰ ਯਾਦਵ ਨਾਲ ਮੁਲਾਕਾਤ ਕੀਤੀ ਅਤੇ ਚੰਡੀਗੜ੍ਹ ਤੇ ਪੰਜਾਬ ਨਾਲ ਸਬੰਧਿਤ ਮਹੱਤਵਪੂਰਨ ਮੁੱਦਿਆਂ ਬਾਰੇ ਚਰਚਾ ਕੀਤੀ । ਇਨ੍ਹਾਂ ਵਿੱਚ ਵਿਸ਼ੇਸ਼ ਤੌਰ ‘ਤੇ ਪਬਲਿਕ ਟ੍ਰਾਂਸਪੋਰਟ,

ਸੈਰ-ਸਪਾਟਾ ਬੁਨਿਆਦੀ ਢਾਂਚਾ ਅਤੇ ਵਾਤਾਵਰਣ ਸਥਿਰਤਾ ਦੇ ਖੇਤਰਾਂ ਦੇ ਮੁੱਦੇ ਸ਼ਾਮਿਲ ਨੇ। ਮੰਤਰੀ ਮਨੋਹਰ ਲਾਲ ਦੇ ਨਾਲ ਆਪਣੀ ਬੈਠਕ ਵਿੱਚ, ਰਾਜਪਾਲ ਨੇ ਪ੍ਰਧਾਨ ਮੰਤਰੀ ਈ-ਬੱਸ ਸੇਵਾ ਯੋਜਨਾ ਦੇ ਤਹਿਤ ਚੰਡੀਗੜ੍ਹ ਦੇ ਲਈ 328 ਇਲੈਕਟ੍ਰਿਕ ਬੱਸਾਂ ਦੀ ਮਨਜ਼ੂਰੀ ਨਾਲ ਸਬੰਧਿਤ ਬਕਾਇਆ ਮਾਮਲਾ ਉਠਾਇਆ। ਰਾਜਪਾਲ ਨੇ ਅਕਤੂਬਰ 2023 ਵਿੱਚ ਪਹਿਲਾਂ ਤੋਂ ਮਨਜ਼ੂਰ ਕੀਤੀਆਂ ਗਈਆਂ 100 ਇਲੈਕਟ੍ਰਿਕ ਬੱਸਾਂ ਦੇ ਲਈ ਲੈਟਰ ਆਵ੍ ਅਵਾਰਡ ਜਲਦੀ ਜਾਰੀ ਕਰਨ ਦੀ ਬੇਨਤੀ ਵੀ ਕੀਤੀ ਅਤੇ ਪਬਲਿਕ ਟ੍ਰਾਂਸਪੋਰਟ ਸਰਵਿਸਿਜ਼ ਵਿੱਚ ਨਿਰੰਤਰਤਾ ਯਕੀਨੀ ਕਰਨ ਦੇ ਲਈ ਨਵੰਬਰ 2025 ਤੋਂ ਪਹਿਲਾਂ ਇਨ੍ਹਾਂ ਦੀ ਸਪਲਾਈ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸ਼੍ਰੀ ਵੈਸ਼ਨਵ ਦੇ ਨਾਲ ਇੱਕ ਵੱਖਰੀ ਮੀਟਿੰਗ ਵਿੱਚ, ਰਾਜਪਾਲ ਨੇ ਵਧਦੀ ਮੁਸਾਫ਼ਰ ਮੰਗ ਨੂੰ ਪੂਰਾ ਕਰਨ ਅਤੇ ਤੀਰਥ ਯਾਤਰਾ ਨੂੰ ਸੁਖਾਲਾ ਬਣਾਉਣ ਦੇ ਲਈ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਸਾਹਿਬ ਅਤੇ ਤਰਨਤਾਰਨ ਸਾਹਿਬ ਸਮੇਤ ਪੰਜਾਬ-ਚੰਡੀਗੜ੍ਹ ਦੇ ਦਰਮਿਆਨ ਰੇਲ ਸੰਪਰਕ ਵਧਾਉਣ ਦੀ ਜ਼ਰੂਰਤ 'ਤੇ ਚਾਨਣਾ ਪਾਇਆ। ਸ਼੍ਰੀ ਕਟਾਰੀਆ ਨੇ ਚੰਡੀਗੜ੍ਹ ਵਿੱਚ ਸੈਰ ਸਪਾਟਾ ਵਿਕਾਸ ਪ੍ਰੋਜੈਕਟਾਂ ‘ਤੇ ਚਰਚਾ ਦੇ ਲਈ ਕੇਂਦਰੀ ਸੈਰ ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਵੀ ਮੁਲਾਕਾਤ ਕੀਤੀ। ਰਾਜਪਾਲ ਨੇ ਸ਼ਹਿਰ ਦੀ ਵਿਰਾਸਤ, ਵਾਤਾਵਰਣਕ ਕਦਰਾਂ-ਕੀਮਤਾਂ ਅਤੇ ਸ਼ਹਿਰ ਦੇ

ਸੈਰ-ਸਪਾਟਾ ਬੁਨਿਆਦੀ ਢਾਂਚਾ ਨੂੰ ਮਜ਼ਬੂਤ ਕਰਨ ਦੇ ਲਈ ਰਣਨੀਤਕ ਨਿਵੇਸ਼ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਰਾਜਪਾਲ ਨੇ ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨਾਲ ਵੀ ਚੰਡੀਗੜ੍ਹ ਅਤੇ ਪੰਜਾਬ ਨਾਲ ਸਬੰਧਿਤ ਵਾਤਾਵਰਣ ਤਰਜੀਹਾਂ ਅਤੇ ਟਿਕਾਊ ਵਿਕਾਸ ਦੇ ਮੁੱਦਿਆਂ 'ਤੇ ਚਰਚਾ ਹੋਈ। ਸਾਰੇ ਕੇਂਦਰੀ ਮੰਤਰੀਆਂ ਨੇ ਰਾਜਪਾਲ ਦੀਆਂ ਚਿੰਤਾਵਾਂ ਨੂੰ ਸਕਾਰਾਤਮਕ ਤੌਰ ‘ਤੇ ਸਵੀਕਾਰ ਕੀਤਾ ਅਤੇ ਵਿਆਪਕ ਜਨਹਿਤ ਵਿੱਚ ਸਮੇਂ ‘ਤੇ ਅਤੇ ਉਚਿਤ ਕਾਰਵਾਈ ਦਾ ਭਰੋਸਾ ਦਿੱਤਾ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਕਿੰਜਰਾਪੂ ਰਾਮ ਮੋਹਨ ਨਾਇਡੂ ਨਾਲ ਮੁਲਾਕਾਤ ਕਰਕੇ ਸ਼ਹੀਦ ਭਗਤ ਸਿੰਘ ਕੌਮਾਂਤਰੀ ਹਵਾਈ ਅੱਡੇ, ਚੰਡੀਗੜ੍ਹ ਤੋਂ ਘਰੇਲੂ ਅਤੇ ਕੌਮਾਂਤਰੀ ਹਵਾਈ ਸੰਪਰਕ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ 'ਤੇ ਚਰਚਾ ਕੀਤੀ । ਰਾਜਪਾਲ ਨੇ ਕਿਹਾ ਕਿ ਇਹ, ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਵਸਨੀਕਾਂ ਦੀ ਵੱਧਦੀ ਮੰਗ ਦੇ ਮੱਦੇਨਜ਼ਰ ਜ਼ਰੂਰੀ ਏ । ਸ਼੍ਰੀ ਕਟਾਰੀਆ ਨੇ ਬੇਹਤਰ ਸੰਪਰਕ, ਖਾਸ ਕਰਕੇ ਚੰਡੀਗੜ੍ਹ ਹਵਾਈ ਅੱਡੇ ਤੋਂ ਸਿੱਧੀਆਂ ਅੰਤਰ-ਰਾਸ਼ਟਰੀ ਉਡਾਣਾਂ

'ਤੇ ਜ਼ੋਰ ਦਿੱਤਾ ਤਾ ਕਿ ਸੈਰ-ਸਪਾਟੇ ਨੂੰ ਉਤਸ਼ਾਹ ਮਿਲੇ, ਵਪਾਰਕ ਯਾਤਰਾ ਨੂੰ ਸੁਖਾਲਾ ਅਤੇ ਖੇਤਰ ਦੀਆਂ ਆਰਥਿਕ ਆਸਾਂ-ਉਮੀਦਾਂ ਨੂੰ ਪੂਰਾ ਕੀਤਾ ਜਾ ਸਕੇ। ਕੇਂਦਰੀ ਮੰਤਰੀ ਨੇ ਭਰੋਸਾ ਦਿੱਤਾ ਕਿ ਮੰਤਰਾਲਾ, ਸਰਗਰਮੀ ਨਾਲ ਸੰਭਾਵਨਾਵਾਂ ਪਤਾ ਲਗਾਏਗਾ ਅਤੇ ਹਵਾਈ ਅੱਡੇ ਦੇ ਸੰਪਰਕ ਵਿਚ ਸੁਧਾਰ ਅਤੇ ਮੁਸਾਫ਼ਰ ਸਹੂਲਤਾਂ ਦੀ ਬੇਹਤਰੀ ਲਈ ਸਾਰੇ ਹਿੱਸੇਦਾਰਾਂ ਨਾਲ ਕੰਮ ਕਰੇਗਾ।

---------------------------------------------------------

ਪੰਜਾਬ ਪੁਲਿਸ ਨੇ ਅੰਮ੍ਰਿਤਸਰ ਦੇ ਸ੍ਰੀ ਹਰਮੰਦਿਰ ਸਾਹਿਬ ਨੂੰ ਉਡਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭੇਜੀਆਂ ਗਈਆਂ ਧਮਕੀ ਭਰੀਆਂ ਈਮੇਲਾਂ ਦੀ ਲੜੀ ਦੇ ਸਬੰਧ ਵਿੱਚ, ਇੱਕ ਸਾਫਟਵੇਅਰ ਇੰਜੀਨੀਅਰ ਨੂੰ ਹਿਰਾਸਤ ਵਿੱਚ ਲਿਆ ਏ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ, ਗੁਰਪ੍ਰੀਤ ਸਿੰਘ ਭੁੱਲਰ ਨੇ ਇਸਦਾ ਖੁਲਾਸਾ ਕਰਦੇ ਹੋਏ ਕਿਹਾ ਕਿ ਸ਼ੱਕੀ ਦੀ ਪਛਾਣ ਇੱਕ ਸਾਫਟਵੇਅਰ ਇੰਜੀਨੀਅਰ ਵਜੋਂ ਹੋਈ ਏ ਅਤੇ ਉਹ ਕਈ ਸਾਫਟਵੇਅਰ ਕੰਪਨੀਆਂ ਵਿੱਚ ਕੰਮ ਕਰ ਚੁੱਕਾ ਏ। ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਇਸ ਫਰੀਦਾਬਾਦ ਨਿਵਾਸੀ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲੈ ਲਿਆ ਗਿਆ ਏ। ਸਦਾ ਲੈਪਟਾਪ ਅਤੇ ਮੋਬਾਈਲ ਫੋਨ ਜ਼ਬਤ ਕਰਕੇ ਫੋਰੈਂਸਿਕ ਜਾਂਚ ਲਈ ਭੇਜ ਦਿੱਤੇ ਗਏ

ਨੇ। ਉਨ੍ਹਾਂ ਕਿਹਾ ਕਿ ਕੇਂਦਰੀ ਏਜੰਸੀਆਂ ਵੀ ਜਾਂਚ ਵਿੱਚ ਸ਼ਾਮਲ ਨੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ 14 ਜੁਲਾਈ ਤੋਂ ਸ਼੍ਰੀ ਹਰਮੰਦਿਰ ਸਾਹਿਬ ਨੂੰ ਉਡਾਉਣ ਲਈ ਕਈ ਧਮਕੀ ਭਰੀਆਂ ਈਮੇਲਾਂ ਮਿਲੀਆਂ ਨੇ। ਇਸ ਦੌਰਾਨ, ਮੰਦਰ ਅਤੇ ਆਲੇ-ਦੁਆਲੇ ਵਿਆਪਕ ਸੁਰੱਖਿਆ ਉਪਾਅ ਕੀਤੇ ਗਏ ਨੇ। ਇਸ ਦੌਰਾਨ ਪੁਲਿਸ ਵੱਲੋਂ ਇਸ ਸ਼ਖਸ ਨੂੰ ਹਿਰਾਸਤ 'ਚ ਲੈਣ ਦੇ ਦਾਅਵੇ ਤੋਂ ਬਾਅਦ, ਇੱਕ ਹੋਰ ਧਮਕੀ ਭਰੀ ਈ.ਮੇਲ. ਆਈ ਏ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਇਸ ਬਾਰੇ ਸੰਜੀਦਗੀ ਵਿਖਾਉਣ ਦੀ ਅਪੀਲ ਕੀਤੀ ਏ। ਉਹਨਾਂ ਨੇ ਇਹ ਵੀ ਕਿਹਾ ਕਿ ਜੇਕਰ ਇਸ ਮਾਮਲੇ ਬਾਰੇ ਪੂਰੀ ਛਾਣਬੀਣ ਨਾ ਹੋਈ ਅਤੇ ਮੁਲਜ਼ਮ ਨਾ ਲੱਭਿਆ ਤਾਂ ਸ਼੍ਰੋਮਣੀ ਕਮੇਟੀ ਦਾ ਬਫਤ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰੇਗਾ। ਭਾਰਤੀ ਜਨਤਾ ਪਾਰਟੀ ਪੰਜਾਬ ਦੇ ਜਨਰਲ ਸਕੱਤਰ ਜਗਮੋਹਨ ਸਿੰਘ ਰਾਜੂ ਨੇ ਵੀ ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ, ਇਸ ਮੁੱਦੇ 'ਤੇ ਚਿੰਤਾ ਜ਼ਾਹਿਰ ਕੀਤੀ ਏ। ਬੀਤੇ ਦਿਨੀ ਵਿਧਾਨ ਸਭਾ ਵਿੱਚ ਪੇਸ਼ ਕੀਤੇ ਗਏ ਪੰਜਾਬ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਰੋਕਥਾਮ ਬਿੱਲ, 2025 ਵਿੱਚ ਖਾਮੀਆਂ ਦਾ ਜ਼ਿਕਰ ਕਰਦਿਆਂ, ਉਹਨਾਂ ਪੁੱਛਿਆ ਕਿ ਅਜਿਹੀਆਂ ਈਮੇਲ ਭੇਜਣ ਵਾਲਿਆਂ 'ਤੇ ਵੀ ਇਸ ਬਿੱਲ ਵਿੱਚ ਕਾਰਵਾਈ ਕੀਤੇ ਜਾਣ ਦਾ

ਜ਼ਿਕਰ ਏ ਜਾਂ ਨਹੀਂ। ਉਹਨਾਂ ਕਿਹਾ ਕਿ ਇਸ ਨਵੇਂ ਬਿੱਲ ਨਾਲ ਕੋਈ ਫਰਕ ਨਹੀਂ ਪਵੇਗਾ। ਇਸ ਤੋਂ ਪਹਿਲਾਂ ਜਿਹੜੇ ਬਿੱਲ ਅਤੇ ਕਾਨੂੰਨ ਬਣੇ ਹੋਏ ਨੇ, ਉਹਨਾਂ ਵਿੱਚ ਇਸ ਨਵੇਂ ਬਿੱਲ ਨਾਲੋਂ ਵੱਧ ਸ਼ਕਤੀਆਂ ਨੇ। ਉਹਨਾਂ ਕਿਹਾ ਕਿ ਹਰੇਕ ਧਰਮ ਅਤੇ ਮਜਹਬ ਦਾ ਵਿਅਕਤੀ, ਪੰਜਾਬ ਸਰਕਾਰ ਤੋਂ ਨਾ ਖੁਸ਼ ਏ। ਉਧਰ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਵੀ ਇਸ ਮੁੱਦੇ 'ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ, ਵਿਧਾਇਕਾਂ ਅਤੇ ਸੰਸਦ ਮੈਂਬਰਾਂ ਦੀ ਸਰਬ ਪਾਰਟੀ ਮੀਟਿੰਗ ਬੁਲਾਉਣ ਵਾਸਤੇ ਕਿਹਾ ਏ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੋਂ ਸਵਾਲ ਕੀਤਾ ਕਿ ਇਸ ਮਾਮਲੇ 'ਤੇ ਉਹ ਕਿੰਨੀ ਕੁ ਸੰਜੀਦਾ ਏ ਅਤੇ ਸੁਰੱਖਿਆ ਪੱਖੋਂ ਕਿਹੜਾ ਕਦਮ ਚੁੱਕਣਾ ਚਾਹੁੰਦੀ ਏ।

---

ਰਾਜ ਸਭਾ ਮੈਂਬਰ ਅਤੇ ਉੱਘੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬਰਸਾਤ ਦੇ ਮੌਸਮ ਦੇ ਮੱਦੇਨਜ਼ਰ, ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਿਸਾਨਾਂ ਨਾਲ ਜਲੰਧਰ ਧੁੱਸੀ ਬੰਨ੍ਹ ਦਾ ਦੌਰਾ ਕੀਤਾ। ਰਾਜ ਸਭਾ ਮੈਂਬਰ ਨੇ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਧੁੱਸੀ ਬੰਨ੍ਹ ਦੀਆਂ ਜਿਹੜੀਆਂ ਵੀ ਨੋਚਾਂ ਸੰਵੇਦਨਸ਼ੀਲ ਨੇ ਉਨ੍ਹਾਂ ਨੂੰ ਤੁਰੰਤ ਮਜ਼ਬੂਤ ਕੀਤਾ ਜਾਵੇ, ਤਾਂ ਜੋ ਜੇਕਰ

ਕੋਈ ਹੜ੍ਹ ਵਰਗੇ ਹਾਲਾਤ ਪੈਦਾ ਹੁੰਦੇ ਹਨ ਤਾਂ ਬੰਨ੍ਹ ਨੂੰ ਕੋਈ ਨੁਕਸਾਨ ਨਾ ਪਹੁੰਚੇ। ਸੰਤ ਸੀਚੇਵਾਲ ਨੇ ਅਧਿਕਾਰੀਆਂ ਸਮੇਤ ਦਰਿਆ ਦੇ ਨਾਲ ਲੱਗਦੇ ਪਿੰਡ ਜਿਆਣੀਆਂ, ਗੱਟਾ ਮੁੰਡੀ ਕੱਸੂ ਤੇ ਹੋਰ ਪਿੰਡਾਂ ਦਾ ਦੌਰਾ ਕੀਤਾ । ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਧੁੱਸੀ ਬੰਨ੍ਹ 'ਤੇ ਹੋਏ ਨਾਜਾਇਜ਼ ਕਬਜ਼ੇ ਹਟਾਉਣ ਲਈ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ ਦੇ ਨਿਰਦੇਸ਼ ਵੀ ਦਿੱਤੇ। ਇਸ ਦੌਰਾਨ ਰਾਜ ਸਭਾ ਮੈਂਬਰ ਨੇ ਦੱਸਿਆ ਕਿ ਗਿੱਦੜਪਿੰਡੀ ਤੋਂ ਫਿਲੌਰ ਤੱਕ ਧੁੱਸੀ ਬੰਨ੍ਹ 'ਤੇ ਕਈ ਸਾਲਾਂ ਤੋਂ ਪੱਕੀ ਸੜਕ ਬਣਾਉਣ ਦੀ ਜੋ ਮੰਗ ਕੀਤੀ ਜਾ ਰਹੀ ਸੀ, ਉਹ ਹੁਣ ਪੂਰੀ ਹੋਣ ਜਾ ਰਹੀ ਏ । ਉਨ੍ਹਾਂ ਦੱਸਿਆ ਕਿ ਇਹ ਸੜਕ ਬਣਾਉਣ ਲਈ ਜਲਦ ਟੈਂਡਰ ਖੁੱਲ੍ਹ ਰਹੇ ਨੇ । ਇਸ ਦੌਰਾਨ ਸੰਤ ਸੀਚੇਵਾਲ ਨੇ ਇਲਾਕੇ ਦੇ ਕਿਸਾਨਾਂ ਦੀ ਮੁਸ਼ਕਲਾਂ ਵੀ ਸੁਣੀਆਂ ਅਤੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਯੋਗ ਕਾਰਵਾਈ ਅਮਲ ਵਿੱਚ ਲਿਆਉਣ ਦੀਆਂ ਹਦਾਇਤਾਂ ਕੀਤੀਆਂ।

----------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ 'ਹਰ ਸ਼ੁੱਕਰਵਾਰ ਡੇਂਗੂ ਤੇ ਵਾਰ' ਮੁਹਿੰਮ ਤਹਿਤ ਜ਼ਿਲ੍ਹਾ ਪਟਿਆਲਾ ਦਿਹਾਤੀ ਦੇ ਪਿੰਡਾਂ ਫ਼ਰੀਦਪੁਰ ਅਤੇ ਮਿਰਜ਼ਾਪੁਰ ਵਿਖੇ ਸਿਹਤ ਵਿਭਾਗ ਦੀ ਟੀਮ ਨਾਲ ਦੌਰਾ ਕੀਤਾ ।

ਸਿਹਤ ਮੰਤਰੀ ਨੇ ਜ਼ਿਲ੍ਹਾ ਸਿਹਤ ਵਿਭਾਗ ਦੀਆਂ ਟੀਮਾਂ ਸਮੇਤ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਸਕੂਲਾਂ ਤੇ ਕਾਲਜਾਂ ਦੇ ਨਰਸਿੰਗ ਵਿਦਿਆਰਥੀਆਂ ਅਤੇ ਆਸ਼ਾ ਵਰਕਰਾਂ ਦੇ ਸਹਿਯੋਗ ਨਾਲ ਡੇਂਗੂ ਦੇ ਹਾਟ-ਸਪਾਟ ਇਲਾਕਿਆਂ ਦੀ ਚੈਕਿੰਗ ਕੀਤੀ ਅਤੇ ਮੌਕੇ ' ਤੇ ਲਾਰਵੇ ਨੂੰ ਨਸ਼ਟ ਕਰਵਾਇਆ। ਸਿਹਤ ਮੰਤਰੀ ਨੇ ਕਿਹਾ ਕਿ ਇਹ ਪਿੰਡ ਨਾ ਸਿਰਫ਼ ਨਸ਼ਾ ਮੁਕਤ ਨੇ , ਹੁਣ ਇਹਨਾਂ ਨੂੰ ਡੇਂਗੁ ਮੁਕਤ ਵੀ ਕੀਤਾ ਜਾਵੇਗਾ। ਸਿਹਤ ਮੰਤਰੀ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਘਰ-ਘਰ ਜਾ ਕੇ ਲੋਕ ਸੇਵਾ ਅਤੇ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਜਾਰੀ ਏ । ਡਾ: ਬਲਬੀਰ ਸਿੰਘ ਨੇ ਲੋਕਾਂ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਅਤੇ ਪਾਣੀ ਦੇ ਖੜ੍ਹੇ ਸਰੋਤਾਂ ਦੀ ਚੈਕਿੰਗ ਕੀਤੀ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ 'ਅਲਿਮਕੋ' ਅਤੇ ਪਟਿਆਲਾ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਦੀ 25 ਲੱਖ 51 ਹਜ਼ਾਰ ਰੁਪਏ ਦੀ ਲਾਗਤ ਨਾਲ 231 ਦਿਵਿਆਂਗ ਲਾਭਪਾਤਰੀਆਂ ਲਈ ਸਹਾਇਕ ਉਪਕਰਣ ਤਕਸੀਮ ਕੀਤੇ। ਸਿਹਤ ਮੰਤਰੀ ਨੇ ਲਾਭਪਾਤਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ

ਸਰਕਾਰ ਦਿਵਿਆਂਗ ਵਿਅਕਤੀਆਂ ਨੂੰ ਸਰਕਾਰੀ ਸਹੂਲਤਾਂ ਤੇ ਸਕੀਮਾਂ ਦਾ ਲਾਭ ਪਹੁੰਚਾਉਣ ਲਈ ਵਚਨਬੱਧ ਏ । ਡਾ ਬਲਬੀਰ ਸਿੰਘ ਨੇ ਕਿਹਾ ਕਿ ਬੱਚਿਆਂ ਤੋਂ ਭੀਖ ਮੰਗਵਾਉਣ ਦੀ ਬੁਰਾਈ ਨੂੰ ਰੋਕਣ ਲਈ ਜਿਹੜੇ ਭਿਖਾਰੀ ਬੱਚਿਆਂ ਤੋਂ ਭੀਖ ਮੰਗਵਾਉਂਦੇ ਹਨ, ਉਹਨਾਂ ਦਾ ਡੀ.ਐੱਨ.ਏ. ਟੈਸਟ ਵੀ ਪਟਿਆਲਾ ਵਿਖੇ ਬਹੁਤ ਜਲਦ ਸ਼ੁਰੂ ਹੋਵੇਗਾ। ਉਨ੍ਹਾਂ ਕਿਹਾ ਕਿ ਦਿਵਿਆਂਗ ਵਿਅਕਤੀਆਂ ਦੇ ਰੋਜ਼ਾਨਾ ਜੀਵਨ ਅਤੇ ਗਤੀਸ਼ੀਲਤਾ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਲਈ ਜ਼ਰੂਰੀ ਉਪਕਰਣ ਵੰਡੇ ਗਏ ਨੇ । ਇਹ ਸਾਰੇ ਉਪਕਰਣ ਏ.ਡੀ.ਆਈ.ਪੀ. ਸਕੀਮ ਦੇ ਅਧੀਨ ਅਲਿਮਕੋ ਵੱਲੋਂ ਲਾਭਾਰਥੀਆਂ ਨੂੰ ਵੰਡੇ ਗਏ ਹਨ।

---

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਅੱਜ ਯੂਨੀਵਰਸਿਟੀ ਦੇ ਸਟਾਫ਼ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਡਿਜੀਟਲ ਯੁੱਗ ਵਿੱਚ ਸੁਰੱਖਿਅਤ ਰਹਿਣ ਲਈ, ਸਾਈਬਰ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਕਰਵਾਇਆ । ਸਾਈਬਰ ਸੁਰੱਖਿਆ ਮਾਹਿਰ ਤਰੁਣ ਮਲਹੋਤਰਾ ਨੇ "ਸਾਈਬਰ ਸੁਰੱਖਿਆ: ਡਿਜੀਟਲ ਵਰਲਡ ਵਿੱਚ ਸੁਰੱਖਿਆ ਬਣਾਈ ਰੱਖਣਾ" ਸਿਰਲੇਖ ਵਾਲੇ ਸੈਸ਼ਨ ਦੌਰਾਨ ,ਸਾਈਬਰ ਅਪਰਾਧ, ਫਿਸ਼ਿੰਗ, ਡੇਟਾ ਉਲੰਘਣਾਵਾਂ, ਅਤੇ ਡਿਜੀਟਲ ਸਫਾਈ ਬਣਾਈ ਰੱਖਣ ਦੀ ਮਹੱਤਤਾ

ਸਮੇਤ ਮਹੱਤਵਪੂਰਨ ਵਿਸ਼ਿਆਂ ਵਾਰੇ ਜਾਣਕਾਰੀ ਦਿੱਤੀ । ਇਸ ਸੈਸ਼ਨ ਵਿੱਚ ਪੰਜਾਬ ਯੂਨੀਵਰਸਿਟੀ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਸਟਾਫ ਦੀ ਸਰਗਰਮ ਅਤੇ ਉਤਸ਼ਾਹੀ ਭਾਗੀਦਾਰੀ ਦੇਖੀ ਗਈ। ਇਹ ਵਿਸ਼ੇਸ਼ ਜਾਗਰੂਕਤਾ ਪਹਿਲਕਦਮੀ ਯੂਨੀਵਰਸਿਟੀ ਦੇ ਸਾਈਬਰ-ਜਾਗਰੂਕ ਅਤੇ ਸੁਰੱਖਿਅਤ ਸੰਸਥਾਗਤ ਮਾਹੌਲ ਨੂੰ ਉਤਸ਼ਾਹਿਤ ਕਰਨ ਦੇ ਚੱਲ ਰਹੇ ਉਪਰਾਲਿਆਂ ਦਾ ਹਿੱਸਾ ਏ ।

---

ਪਟਿਆਲਾ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਵਿਸ਼ਵ ਅੰਤਰ-ਰਾਸ਼ਟਰੀ ਨਿਆਂ ਦਿਵਸ ਮਨਾਇਆ ਗਿਆ। ਇਸ ਮੌਕੇ ਚੀਫ ਜੂਡੀਸੀਅਲ ਮੈਜਿਸਟ੍ਰੈਟ ਅਮਨਦੀਪ ਕੰਬੋਜ, ਨੇ ਵਿਸ਼ੇਸ਼ ਤੌਰ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਸਿੱਧੂਵਾਲ, ਪਟਿਆਲਾ ਦਾ ਦੌਰਾ ਕੀਤਾ ਅਤੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ। ਅਥਾਰਟੀ ਵਲੋਂ ਮਨੁੱਖੀ ਹੱਕਾਂ ਦੀ ਰਾਖੀ ਲਈ ਨਿਆਂਇਕ ਸੰਸਥਾਵਾਂ ਦੀ ਭੂਮਿਕਾ ਬਾਰੇ ਜਾਣੂ ਕਰਵਾਇਆ ਗਿਆ ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਬਿਹਾਰ ਦੇ ਪੂਰਬੀ ਚੰਪਾਰਨ ਜ਼ਿਲ੍ਹੇ ਦੇ ਮੋਤੀਹਾਰੀ ਵਿਖੇ 7 ਹਾਜ਼ਰ 200 ਕਰੋੜ ਰੁਪਏ

ਤੋਂ ਵੱਧ ਦੇ ਕਈ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਤੇ ਉਦਘਾਟਨ ਕੀਤਾ I

- ਭਾਰਤ ਨੇ ਲਸ਼ਕਰ-ਏ-ਤੋਇਬਾ ਨਾਲ ਸਬੰਧਤ ਪਾਕਿਸਤਾਨ ਅਧਾਰਿਤ TRF ਨੂੰ, ਇੱਕ ਵਿਦੇਸ਼ੀ ਦਹਿਸ਼ਤਗਰਦ ਜਥੇਬੰਦੀ ਐਲਾਨਣ ਦੇ ਫੈਸਲੇ ਦਾ ਕੀਤਾ ਸਵਾਗਤ।
- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਅੱਜ ਨਵੀਂ ਦਿੱਲੀ ਵਿੱਚ ਵੱਖ-ਵੱਖ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਕਰਕੇ ਚੰਡੀਗੜ੍ਹ ਤੇ ਪੰਜਾਬ ਨਾਲ ਸਬੰਧਿਤ ਮਹੱਤਵਪੂਰਨ ਮੁੱਦਿਆਂ ਬਾਰੇ ਚਰਚਾ ਕੀਤੀ I
- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਸਥਿਤ ਸ੍ਰੀ ਹਰਮੰਦਿਰ ਸਾਹਿਬ ਨੂੰ ਉਡਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਭੇਜੀਆਂ ਗਈਆਂ ਧਮਕੀ ਭਰੀਆਂ ਈਮੇਲਾਂ ਦੇ ਸਬੰਧ ਵਿੱਚ, ਇੱਕ ਸਾਫਟਵੇਅਰ ਇੰਜੀਨੀਅਰ ਨੂੰ ਹਿਰਾਸਤ ਵਿੱਚ ਲਿਆ - ਪੁਲਿਸ ਵੱਲੋਂ ਇਸ ਸ਼ਖਸ ਨੂੰ ਹਿਰਾਸਤ 'ਚ ਲੈਣ ਦੇ ਦਾਅਵੇ ਤੋਂ ਬਾਅਦ, ਇੱਕ ਹੋਰ ਧਮਕੀ ਭਰੀ ਈ.ਮੇਲ. ਆਈ I

- ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਜਲੰਧਰ ਵਿੱਚ ਸਤਲੁਜ ਦੇ ਧੁੱਸੀ ਬੰਨ੍ਹ ਦਾ ਦੌਰਾ ਅਧਿਕਾਰੀਆਂ ਨੂੰ ਨੋਚਾਂ ਮਜ਼ਬੂਤ ਕਰਨ ਦੀਆਂ ਹਦਾਇਤਾਂ I

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**